ਗੂਜਰੀ ਮਹਲਾ ੩ ਪੰਚਪਦੇ ॥ ਨਾ ਕਾਸੀ ਮਤਿ ਊਪਜੈ ਨਾ ਕਾਸੀ ਮਤਿ ਜਾਇ ॥ ਸਤਿਗੁਰ ਮਿਲਿਐ ਮਤਿ ਊਪਜੈ ਤਾ ਇਹ ਸੋਝੀ ਪਾਇ ॥੧॥ ਹਰਿ ਕਥਾ ਤੂੰ ਸੁਣਿ ਰੇ ਮਨ ਸਬਦੁ ਮੰਨਿ ਵਸਾਇ ॥ ਇਹ ਮਤਿ ਤੇਰੀ ਥਿਰੁ ਰਹੈ ਤਾਂ ਭਰਮੁ ਵਿਚਹੁ ਜਾਇ ॥ ੧॥ ਰਹਾਉ ॥ ਹਰਿ ਚਰਣ ਰਿਦੈ ਵਸਾਇ ਤੂ ਕਿਲਵਿਖ ਹੋਵਹਿ ਨਾਸੁ ॥ ਪੰਚ ਭੂ ਆਤਮਾ ਵਸਿ ਕਰਹਿ ਤਾ ਤੀਰਥ ਕਰਹਿ ਨਿਵਾਸੁ ॥੨॥ ਮਨਮੁਖਿ ਇਹੁ ਮਨੁ ਮੁਗਧੁ ਹੈ ਸੋਝੀ ਕਿਛੂ ਨ ਪਾਇ ॥ ਹਰਿ ਕਾ ਨਾਮੁ ਨ ਬੁਝਈ ਅੰਤਿ ਗਇਆ ਪਛੁਤਾਇ ॥੩॥ ਇਹੁ ਮਨੁ ਕਾਸੀ ਸਭਿ ਤੀਰਥ ਸਿਮ੍ਰਿਤਿ ਸਤਿਗੁਰ ਦੀਆ ਬੁਝਾਇ ॥ ਅਠਸਠਿ ਤੀਰਥ ਤਿਸੁ ਸੰਗਿ ਰਹਹਿ ਜਿਨ ਹਰਿ ਹਿਰਦੈ ਰਹਿਆ ਸਮਾਇ ॥੪॥ ਨਾਨਕ ਸਤਿਗੁਰ ਮਿਲਿਐ ਹੁਕਮੁ ਬੁਝਿਆ ਏਕੁ ਵਸਿਆ ਮਨਿ ਆਇ ॥ ਜੋ ਤੁਧੁ ਭਾਵੈ ਸਭੁ ਸਚੁ ਹੈ ਸਚੇ ਰਹੈ ਸਮਾਇ ॥ ੫॥੬॥੮॥ {ਪੰਨਾ 491}

ਪਦਅਰਥ:- ਊਪਜੈ—ਪੈਦਾ ਹੁੰਦੀ ਹੈ। ਜਾਇ—ਚਲੀ ਜਾਂਦੀ ਹੈ। ਸਤਿਗੁਰ ਮਿਲਿਐ—ਜੇ ਗੁਰੂ ਨੂੰ ਮਿਲ ਪਈਏ। ਸੋਝੀ—ਸਮਝ।1।

ਮੰਨਿ—ਮਨ ਵਿਚ। ਥਿਰੁ—ਅਡੋਲ। ਭਰਮੁ—ਭਟਕਣਾ।1। ਰਹਾਉ।

ਕਿਲਵਿਖ—ਪਾਪ। ਪੰਚਭੂ—(ਕਾਮਾਦਿਕ) ਪੰਜਾਂ ਦੇ ਵੱਸ ਵਿਚ ਆਏ ਹੋਏ ਨੂੰ। ਵਸਿ—ਵੱਸ ਵਿਚ।2।

ਮਨਮੁਖਿ—ਆਪਣੇ ਮਨ ਦੇ ਪਿੱਛੇ ਤੁਰਨ ਵਾਲਾ। ਮੁਗਧੁ—ਮੂਰਖ। ਬੁਝਈ—ਬੁਝਏ, ਬੁਝੈ, ਸਮਝਦਾ।3।

ਸਭਿ—ਸਾਰੇ। ਸਤਿਗੁਰਿ—ਗੁਰੂ ਨੇ। ਅਠਸਠਿ—{ਅੱਠ ਅਤੇ ਸੱਠ} ਅਠਾਹਠ। ਸੰਗਿ—ਨਾਲ। ਜਿਨ ਹਿਰਦੈ—ਜਿਨ੍ਹਾਂ ਦੇ ਹਿਰਦੇ ਵਿਚ।4।

ਹੁਕਮੁ—ਰਜ਼ਾ। ਏਕੁ—ਇਕ ਪਰਮਾਤਮਾ ਹੀ। ਮਨਿ—ਮਨ ਵਿਚ। ਸਚੁ—ਅਟੱਲ। ਸਚੇ—ਸਦਾ-ਥਿਰ ਹਰੀ ਵਿਚ।5।

ਅਰਥ:- ਹੇ ਮੇਰੇ ਮਨ! ਤੂੰ ਪਰਮਾਤਮਾ ਦੀ ਸਿਫ਼ਤਿ-ਸਾਲਾਹ ਸੁਣਿਆ ਕਰ। ਹੇ ਭਾਈ! ਗੁਰੂ ਦੇ ਸ਼ਬਦ ਨੂੰ ਆਪਣੇ ਮਨ ਵਿਚ ਵਸਾਈ ਰੱਖ। ਜਦੋਂ (ਸਿਫ਼ਤਿ-ਸਾਲਾਹ ਦੀ ਬਰਕਤਿ ਨਾਲ, ਗੁਰ-ਸ਼ਬਦ ਦੀ ਬਰਕਤਿ ਨਾਲ) ਤੇਰੀ ਇਹ ਅਕਲ ਮਾਇਆ ਦੇ ਮੋਹ ਵਿਚ ਡੋਲਣੋਂ ਬਚੀ ਰਹੇਗੀ, ਤਦੋਂ ਤੇਰੇ ਅੰਦਰੋਂ ਭਟਕਣਾ ਦੂਰ ਹੋ ਜਾਇਗੀ।1। ਰਹਾਉ।

ਹੇ ਭਾਈ! ਨਾਹ ਹੀ ਕਾਂਸ਼ੀ (ਆਦਿਕ ਤੀਰਥਾਂ ਤੇ ਗਿਆਂ) ਸੁਚੱਜੀ ਅਕਲ ਪੈਦਾ ਹੁੰਦੀ ਹੈ, ਨਾਹ ਹੀ ਕਾਂਸ਼ੀ (ਆਦਿਕ ਤੀਰਥਾਂ ਤੇ ਨਾਹ ਗਿਆਂ) ਚੰਗੀ ਅਕਲ ਦੂਰ ਹੋ ਜਾਂਦੀ ਹੈ ਗੁਰੂ ਨੂੰ ਮਿਲਿਆਂ (ਮਨੁੱਖ ਦੇ ਅੰਦਰ) ਚੰਗੀ ਅਕਲ ਪੈਦਾ ਹੁੰਦੀ ਹੈ, ਤਦੋਂ ਮਨੁੱਖ ਨੂੰ ਇਹ ਸਮਝ ਆਉਂਦੀ ਹੈ।1।

ਹੇ ਭਾਈ! ਤੂੰ ਪਰਮਾਤਮਾ ਦੇ ਚਰਨ ਆਪਣੇ ਹਿਰਦੇ ਵਿਚ ਸੰਭਾਲ, ਤੇਰੇ ਸਾਰੇ ਪਾਪ ਨਾਸ ਹੋ ਜਾਣਗੇ। ਜੇ ਤੂੰ (ਪ੍ਰਭੂ-ਚਰਨਾਂ ਦੀ ਬਰਕਤਿ ਨਾਲ) ਕਾਮਾਦਿਕ ਪੰਜਾਂ ਦੇ ਵੱਸ ਵਿਚ ਆਏ ਹੋਏ ਮਨ ਨੂੰ ਆਪਣੇ ਵੱਸ ਵਿਚ ਕਰ ਲਏਂ, ਤਾਂ ਤੂੰ ਤੀਰਥਾਂ ਉਤੇ ਹੀ ਨਿਵਾਸ ਕਰ ਰਿਹਾ ਹੈਂ।2।

ਹੇ ਭਾਈ! ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਦਾ ਇਹ ਮਨ (ਸਦਾ) ਮੂਰਖ (ਹੀ ਟਿਕਿਆ ਰਹਿੰਦਾ) ਹੈ, ਉਸ ਨੂੰ (ਉੱਚੇ ਆਤਮਕ ਜੀਵਨ ਦੀ) ਰਤਾ ਭੀ ਸਮਝ ਨਹੀਂ ਪੈਂਦੀ। ਉਹ ਪਰਮਾਤਮਾ ਦੇ ਨਾਮ (ਦੀ ਕਦਰ) ਨੂੰ ਨਹੀਂ ਸਮਝਦਾ, ਆਖ਼ਰ ਉਹ ਹੱਥ ਮਲਦਾ ਹੀ (ਜਗਤ ਤੋਂ) ਤੁਰ ਜਾਂਦਾ ਹੈ।3।

ਹੇ ਭਾਈ! ਜਿਸ ਮਨੁੱਖ ਨੂੰ ਸਤਿਗੁਰੂ ਨੇ (ਆਤਮਕ ਜੀਵਨ ਦੀ) ਸੂਝ ਬਖ਼ਸ਼ ਦਿੱਤੀ (ਉਸ ਦੇ ਵਾਸਤੇ) ਇਹ ਮਨ ਹੀ

ਕਾਂਸ਼ੀ ਹੈ, ਇਹ ਮਨ ਹੀ ਸਾਰੇ ਤੀਰਥ ਹੈ ਇਹ ਮਨ ਹੀ ਸਾਰੀਆਂ ਸਿਮ੍ਰਿਤੀਆਂ ਹੈ, ਉਸ ਮਨੁੱਖ ਦੇ ਨਾਲ ਅਠਾਹਠ ਹੀ ਤੀਰਥ ਵੱਸਦੇ ਹਨ।

ਹੇ ਭਾਈ! ਜਿਨ੍ਹਾਂ ਮਨੁੱਖਾਂ ਦੇ ਮਨ ਵਿਚ ਸਦਾ ਪਰਮਾਤਮਾ ਵੱਸਿਆ ਰਹਿੰਦਾ ਹੈ (ਉਹਨਾਂ ਵਾਸਤੇ ਇਹ ਮਨ ਹੀ ਕਾਂਸ਼ੀ ਹੈ)।4।

ਹੇ ਨਾਨਕ! ਜੇ ਮਨੁੱਖ ਗੁਰੂ ਨੂੰ ਮਿਲ ਪਏ ਤਾਂ ਉਹ ਪਰਮਾਤਮਾ ਦੀ ਰਜ਼ਾ ਨੂੰ ਸਮਝ ਲੈਂਦਾ ਹੈ, ਤਾਂ ਇਕ ਪਰਮਾਤਮਾ ਉਸ ਦੇ ਮਨ ਵਿਚ ਆ ਵੱਸਦਾ ਹੈ। (ਉਹ ਮਨੁੱਖ ਸਦਾ ਇਉਂ ਯਕੀਨ ਰੱਖਦਾ ਹੈ ਤੇ ਆਖਦਾ ਹੈ—ਹੇ ਪ੍ਰਭੂ!) ਜੋ ਕੁਝ ਤੈਨੂੰ ਚੰਗਾ ਲੱਗਦਾ ਹੈ ਉਹ ਸਦਾ ਅਟੱਲ ਨਿਯਮ ਹੈ। (ਹੇ ਭਾਈ! ਜੇ ਮਨੁੱਖ ਨੂੰ ਗੁਰੂ ਮਿਲ ਪਏ ਤਾਂ ਉਹ) ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਵਿਚ ਲੀਨ ਰਹਿੰਦਾ ਹੈ।5।6।8।